## ਫ਼ਰਵਰੀ ਮਹੀਨੇ ਦੇ ਖੇਤੀ ਰੁਝੇਵੇਂ

**ਕਣਕ:** ਦਸੰਬਰ ਵਿੱਚ ਬੀਜੀ ਗਈ ਕਣਕ ਨੂੰ ਦੂਸਰਾ ਪਾਣੀ ਦੇ ਦਿਉ।ਖੇਤ ਵਿੱਚੋਂ ਪੱਤੇ ਦੀ ਕਾਂਗਿਆਰੀ ਤੋਂ ਪ੍ਰਭਾਵਿਤ ਬੂਟੇ ਪੁੱਟ ਦਿਉ ਅਤੇ ਨਸ਼ਟ ਕਰ ਦਿਉ ਤਾਂ ਜੋ ਆਉਂਦੇ ਸਾਲਾਂ ਵਿੱਚ ਇਸਦਾ ਪ੍ਰਭਾਵ ਖ਼ਤਮ ਹੋ ਜਾਵੇ। ਰੋਪੜ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਦੇ ਕਿਸਾਨ ਇਨ੍ਹਾਂ ਬੀਮਾਰੀਆਂ ਵੱਲ ਖਾਸ ਧਿਆਨ ਦੇਣ। ਜਦੋਂ ਹੀ ਖੇਤ ਵਿੱਚ ਪੀਲੀ ਕੁੰਗੀ ਦਾ ਹਮਲਾ ਹੋਵੇ ਤਾਂ ਤਾਕਤ 300 ਗ੍ਰਾਮ ਜਾਂ ਕੈਵੀਅਟ 200 ਗ੍ਰਾਮ ਜਾਂ ਨਟੀਵੋ 120 ਗ੍ਰਾਮ ਜਾਂ ਅੰਮਪੈਕਟ ਐਕਸਟਰਾ ਜਾਂ ਕਸਟੋਡੀਆ ਜਾਂ ਓਪੇਰਾ ਜਾਂ ਟਿਲਟ ਜਾਂ ਸ਼ਾਈਨ ਜਾਂ ਬੰਪਰ ਜਾਂ ਸਟਿਲਟ ਜਾਂ ਕੰਮਪਾਸ ਜਾਂ ਮਾਰਕਜ਼ੋਲ 200 ਮਿ.ਲਿ. 200 ਲਿਟਰ ਪਾਣੀ ਵਿੱਚ ਪਾ ਕੇ ਛਿੜਕਾਅ ਕਰੋ। ਜੇਕਰ ਚੇਪੇ ਦਾ ਹਮਲਾ ਨੁਕਸਾਨ ਕਰਨ ਦੀ ਸਮਰੱਥਾ (5 ਚੇਪੇ ਪ੍ਰਤੀ ਸਿੱਟਾ) ਤੱਕ ਪਹੁੰਚ ਜਾਵੇ ਤਾਂ 2 ਲਿਟਰ ਘਰ ਬਣਾਏ ਨਿੰਮ ਦਾ ਘੋਲ ਦੇ ਹਫਤੇ-ਹਫਤੇ ਦੇ ਵਕਫੇ ਤੇ 2 ਛਿੜਕਾਅ ਜਾਂ 20 ਗ੍ਰਾਮ ਐਕਟਾਰਾ/ਤਾਇਓ 25 ਡਬਲਯੂ. ਜੀ. (ਥਾਇਆਮੈਥੌਕਸਮ) ਨੂੰ 80-100 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ।

**ਬਹਾਰ ਰੁੱਤ ਦੀ ਮੱਕੀ:** ਮੱਕੀ ਦੀਆਂ ਪੀ 1844, ਪੀ ਐਮ ਐਚ-10, ਡੀ ਕੇ ਸੀ-9108, ਪੀ ਐਮ ਐਚ-8, ਪੀ ਐਮ ਐਚ-7 ਅਤੇ ਪੀ ਐਮ ਐਚ-1 ਕਿਸਮਾਂ ਦੀ ਬਿਜਾਈ ਪੂਰਬ-ਪੱਛਮ ਦਿਸ਼ਾ ਵਿੱਚ 60 ਸੈ.ਮੀ. ਦੀ ਵਿੱਥ ਤੇ ਵੱਟਾਂ ਬਣਾ ਕੇ ਜਾਂ 67.5 ਸੈ.ਮੀ. ਦੀ ਵਿੱਥ ਤੇ ਬੈੱਡ ਬਣਾ ਕੇ 15 ਫਰਵਰੀ ਤੱਕ ਕੀਤੀ ਜਾ ਸਕਦੀ ਹੈ। ਵੱਟਾਂ ਤੇ ਬੂਟੇ ਤੋ ਬੂਟੇ ਦਾ ਫਾਸਲਾ 20 ਸੈ.ਮੀ. ਅਤੇ ਬੈੱਡਾਂ ਉੱਪਰ ਬੂਟੇ ਤੋ ਬੂਟੇ ਦਾ ਫਾਸਲਾ 20 ਸੈ.ਮੀ. ਰੱਖਣਾ ਚਾਹੀਦਾ ਹੈ। ਸ਼ਾਖ ਦੀ ਮੱਖੀ ਦੀ ਰੋਕਥਾਮ ਲਈ ਪ੍ਰਤੀ ਕਿੱਲੋ ਬੀਜ ਨੂੰ 6 ਮਿਲੀਲਿਟਰ ਗਾਚੋ 600 ਐਫ ਐਸ (ਇਮੀਡਾਕਲੋਪਰਿਡ) ਦੇ ਹਿਸਾਬ ਨਾਲ ਸੋਧ ਲਓ। ਜੇਕਰ ਬੀਜ ਦੀ ਸੋਧ ਨਾ ਹੋ ਸਕੇ ਤਾਂ 5 ਕਿੱਲੋ ਫਿਊਰਾਡਾਨ 3 ਜੀ (ਕਾਰਬੋਫਿਊਰਾਨ) ਪ੍ਰਤੀ ਏਕੜ ਦੇ ਹਿਸਾਬ ਨਾਲ ਬਿਜਾਈ ਸਮੇਂ ਸਿਆੜਾਂ ਵਿੱਚ ਪਾਉ। ਨਦੀਨਾਂ ਦਾ ਖਾਤਮਾ ਕਰਨ ਲਈ ਐਟਰਾਟਾਫ 50 ਡਬਲਯੂ ਪੀ (ਐਟਰਾਜੀਨ), 500 ਗ੍ਰਾਮ/ਏਕੜ ਹਲਕੀਆਂ ਜ਼ਮੀਨਾਂ ਲਈ ਅਤੇ 800 ਗ੍ਰਾਮ/ਏਕੜ ਦਰਮਿਆਨੀਆਂ ਤੋਂ ਭਾਰੀਆਂ ਜ਼ਮੀਨਾਂ ਵਿੱਚ ਛਿੜਕਾਅ ਦੋ ਦਿਨਾਂ ਦੇ ਵਿੱਚ-ਵਿੱਚ 200 ਲਿਟਰ ਪਾਣੀ ਪਾ ਕੇ ਕਰ ਦਿਓ।

**ਤੇਲ ਬੀਜ ਫ਼ਸਲਾਂ:** ਤੇਲ ਬੀਜ ਫ਼ਸਲਾਂ ਨੂੰ ਕੋਰੇ ਦੇ ਨੁਕਸਾਨ ਤੋਂ ਬਚਾਉਣ ਲਈ, ਫੁੱਲਾਂ ਤੇ ਆਈ ਫ਼ਸਲ ਨੂੰ ਹਲਕਾ ਪਾਣੀ ਦਿਉ। ਜੇਕਰ ਸਰ੍ਹੋਂ ਤੇ ਚੇਪੇ ਦਾ ਹਮਲਾ ਹੋਵੇ ਤਾਂ 40 ਗ੍ਰਾਮ ਐਕਟਾਰਾ/**ਦੋਤਾਰਾ** 25 ਤਾਕਤ ਜਾਂ 400 ਮਿਲੀਲਿਟਰ ਰੋਗਰ 30 ਤਾਕਤ ਜਾਂ 600 ਮਿਲੀਲਿਟਰ ਡਰਸਬਾਨ/ਕੋਰੋਬਾਨ 20 ਤਾਕਤ ਨੂੰ 125 ਲਿਟਰ ਪਾਣੀ ਵਿੱਚ ਪਾ ਕੇ ਪ੍ਰਤੀ ਏਕੜ ਛਿੜਕਾਅ ਕਰੋ। ਛਿੜਕਾਅ ਦੁਪਹਿਰ ਬਾਅਦ ਕਰਨਾ ਚਾਹੀਦਾ ਹੈ।

**ਦਾਲਾਂ:** ਮਸਰ ਦੀ ਫ਼ਸਲ ਦਾ ਪੂਰਾ ਝਾੜ ਲੈਣ ਲਈ ਪਾਣੀ ਦਿਓ। ਛੋਲਿਆਂ ਦੀ ਸੁੰਡੀ, ਪੱਤੇ, ਫੁੱਲ ਡੱਡੇ ਅਤੇ ਦਾਣਿਆਂ ਨੂੰ ਖਾਂਦੀ ਹੈ। ਜੇਕਰ 10 ਥਾਂਵਾਂ ਤੋਂ (100 ਬੂਟੇ) ਤੋਂ 16 ਜਾਂ ਵੱਧ ਸੁੰਡੀਆਂ ਮਿਲਣ ਤਾਂ ਇਸ ਦੀ ਰੋਕਥਾਮ ਲਈ 800 ਗ੍ਰਾਮ ਬੈਸੀਲਸ ਥੁਰੀਨਜੈਨਸਿਸ 0.5 ਡਬਲਯੂ ਪੀ (ਡੀ ਓ ਆਰ ਬੀ ਟੀ -1) ਜਾਂ 200 ਮਿਲੀਲਿਟਰ ਹੈਲੀਕੌਪ 2 ਏ ਐਸ ਜਾਂ 50 ਮਿਲੀਲਿਟਰ ਕੋਰਾਜ਼ਨ 18.5 ਐਸ ਸੀ ਜਾਂ 80 ਗ੍ਰਾਮ ਪ੍ਰੋਕਲੇਮ 5 ਐਸ ਸੀ ਜਾਂ 160 ਮਿਲੀਲਿਟਰ ਰਿਮੋਨ 10 ਈ ਸੀ ਨੂੰ 80-100 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ। ਜੇਕਰ ਲੋੜ ਪਵੇ ਤਾਂ 2 ਹਫਤਿਆਂ ਪਿੱਛੋਂ ਕੀਟਨਾਸ਼ਕ ਦੀ ਵਰਤੋ ਫਿਰ ਦੁਹਰਾਓ।

**ਸੂਰਜਮੁਖੀ:** ਸੂਰਜਮੁਖੀ ਦੀ ਬਿਜਾਈ ਜਿੰਨੀ ਜਲਦੀ ਹੋ ਸਕੇ ਕਰ ਲਉ। ਸੂਰਜਮੁੱਖੀ ਦੀ ਬਿਜਾਈ ਪਛੇਤੀ ਹੁੰਦੀ ਜਾਪੇ ਤਾਂ ਇਸ ਦੀ ਕਾਸ਼ਤ ਪਨੀਰੀ ਰਾਹੀਂ ਵੀ ਕੀਤੀ ਜਾ ਸਕਦੀ ਹੈ। ਜਲਦੀ ਪੱਕਣ ਵਾਲੀਆਂ ਦੋਗਲੀਆਂ ਕਿਸਮਾਂ ਨੂੰ ਪਹਿਲ ਦਿਉ ਜਿਵੇਂ ਕਿ ਪੀ ਐਸ ਐਚ 2080, ਪੀ ਐਸ ਐਚ 1962, ਪੀ ਐਸ ਐਚ 996 ਅਤੇ ਪੀ ਐਸ ਐਚ 569 । ਫਰਵਰੀ ਦੇ ਪਹਿਲੇ ਹਫਤੇ ਵਿੱਚ ਹੀ ਬਿਜਾਈ ਖਤਮ ਕਰ ਲਓ। ਫ਼ਸਲ ਨੂੰ 60 ਸੈਂ. ਮੀ. ਚੌੜੀਆਂ ਕਤਾਰਾਂ ਵਿੱਚ ਬੀਜੋ ਅਤੇ ਬੂਟੇ ਤੋਂ ਬੂਟੇ ਦਾ ਫ਼ਾਸਲਾ 30 ਸੈ.ਮੀ. ਰੱਖੋ। ਵੱਟਾਂ ਪੂਰਬ ਤੋਂ ਪੱਛਮ ਵੱਲ ਅਤੇ ਬਿਜਾਈ ਦੱਖਣ ਵੱਲ ਕਰੋ। ਬੀਜ ਨੂੰ ਵੱਟਾਂ ਦੀ ਢਲਾਣ ਦੇ 6-8 ਸੈ. ਮੀ. ਹੇਠਾਂ ਵੱਲ ਬੀਜੋ। ਵੱਟਾਂ ਤੇ ਬੀਜੀ ਫ਼ਸਲ ਨੂੰ ਬਿਜਾਈ ਦੇ 2-3 ਦਿਨਾਂ ਬਾਅਦ ਪਾਣੀ ਦਿਉ ਅਤੇ ਪਾਣੀ ਦਿੰਦੇ ਸਮੇਂ ਇਹ ਧਿਆਨ ਰੱਖੋ ਕਿ ਪਾਣੀ ਬੀਜ ਦੀ ਸਤਹਿ ਤੋ ਹੇਠਾਂ ਹੀ ਰਹੇ। ਦੋ ਕਿਲੋ ਬੀਜ ਹੀ ਇਕ ਏਕੜ ਲਈ ਕਾਫ਼ੀ ਹੈ। ਬੀਜ ਨੂੰ ਬੀਜਣ ਤੋਂ ਪਹਿਲਾ, ਟੈਗ੍ਰਾਨ 6 ਗ੍ਰਾਮ ਪ੍ਰਤੀ ਕਿਲੋ ਦੇ ਹਿਸਾਬ, ਸੋਧ ਲਉ। ਬਿਜਾਈ ਸਮੇਂ 50 ਕਿਲੋ ਯੂਰੀਆ, 75 ਕਿਲੋ ਸਿੰਗਲ ਸੁਪਰਫਾਸਫੇਟ ਪ੍ਰਤੀ ਏਕੜ ਪਾਉ। ਹਲਕੀਆਂ ਜ਼ਮੀਨਾਂ ਵਿੱਚ 50 ਕਿਲੋ ਯੂਰੀਆਂ ਪ੍ਰਤੀ ਏਕੜ ਦੋ ਕਿਸ਼ਤਾਂ ਵਿੱਚ ਇੱਕ ਬਿਜਾਈ ਵੇਲੇ ਤੇ ਦੂਸਰੀ ਇੱਕ ਮਹੀਨਾ ਬਾਅਦ ਪਾਓ। ਜੇਕਰ ਸੂਰਜਮੁਖੀ ਆਲੂਆਂ ਤੋਂ ਬਾਅਦ ਬੀਜਣਾ ਹੋਵੇ, ਜਿਹਨਾਂ ਨੂੰ 20 ਟਨ ਰੂੜੀ ਪ੍ਰਤੀ ਏਕੜ ਪਾਈ ਹੋਵੇ, ਤਾਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾਉ। ਜੇਕਰ ਮਿੱਟੀ ਪਰਖ਼ ਅਨੁਸਾਰ ਜ਼ਮੀਨ ਵਿੱਚ ਪੋਟਾਸ਼ੀਅਮ ਦੀ ਘਾਟ ਹੋਵੇ ਤਾਂ 20 ਕਿਲੋ ਮਿਊਰੇਟ ਆਫ ਪੋਟਾਸ਼ ਪ੍ਰਤੀ ਏਕੜ ਪਾਉ। ਸ਼ਹੀਦ ਭਗਤ ਸਿੰਘ ਨਗਰ ਤੇ ਹੁਸ਼ਿਆਰਪੁਰ ਜਿਲ੍ਹਿਆਂ ਵਿੱਚ 40 ਕਿਲੋ ਮਿਊਰੇਟ ਆਫ ਪੋਟਾਸ਼ ਪਾਓ।

**ਕਮਾਦ:** ਇਸ ਮਹੀਨੇ ਦੇ ਅੱਧ ਤੋਂ ਕਮਾਦ ਦੀ ਬਿਜਾਈ ਸ਼ੁਰੂ ਕਰ ਦਿਉ। ਸਿਫ਼ਾਰਸ਼ ਕੀਤੀਆਂ ਕਿਸਮਾਂ ਸੀ ਓ ਪੀ ਬੀ-96, ਸੀ ਓ ਪੀ ਬੀ-95, ਸੀ ਓ ਪੀ ਬੀ-92, ਸੀ ਓ-15023, ਸੀ ਓ 118, ਸੀ ਓ ਜੇ 85, ਸੀ ਓ ਜੇ 64 (ਅਗੇਤੀਆਂ ਕਿਸਮਾਂ) ਸੀ ਓ ਪੀ ਬੀ - 98, ਸੀ ਓ ਪੀ ਬੀ-94, ਸੀ ਓ ਪੀ ਬੀ-93, ਸੀ ਓ ਪੀ ਬੀ-91, ਸੀ ਓ-238 ਅਤੇ ਸੀ ਓ ਜੇ 88 (ਦਰਮਿਆਨੀਆਂ, ਪਿਛੇਤੀ ਪੱਕਣ ਵਾਲੀਆਂ) ਕਿਸਮਾਂ ਵਰਤੋ। ਬੀਜ ਰੱਤਾ ਰੋਗ, ਸੋਕੜਾ, ਕਾਂਗਿਆਰੀ, ਮਧਰੇਪਣ ਅਤੇ ਘਾਹ ਵਰਗੀਆਂ ਸ਼ਾਖਾਂ ਦੇ ਰੋਗ ਤੋਂ ਮੁਕਤ ਵਰਤਣਾ ਚਾਹੀਦਾ ਹੈ।ਸਿਉਂਕ ਦੇ ਹਮਲੇ ਤੋਂ ਬਚਣ ਲਈ ਰੂੜੀ ਦੀ ਗਲੀ-ਸੜੀ ਖਾਦ ਵਰਤੋ। ਸਿਉਂਕ ਦੀ ਰੋਕਥਾਮ ਲਈ 200 ਮਿਲੀਲਿਟਰ ਕੋਰਾਜ਼ਨ 18.5 ਐਸ ਸੀ 400 ਲਿਟਰ ਪਾਣੀ ਵਿੱਚ ਘੋਲ ਕੇ ਫੁਹਾਰੇ ਨਾਲ ਸਿਆੜਾ ਵਿੱਚ ਪਈਆਂ ਗੁੱਲੀਆਂ ਉੱਪਰ ਛਿੜਕੋ ਜਾਂ ਫਸਲ ਦੇ ਜੰਮ ਪੂਰਾ ਹੋਣ ਤੇ (ਬਿਜਾਈ ਤੋਂ 45 ਦਿਨਾਂ ਬਾਅਦ) 45 ਮਿ.ਲਿ. ਈਮੀਡਾਗੋਲਡ 17.8 ਐਸ ਐਲ ਨੂੰ 400 ਲਿਟਰ ਪਾਣੀ ਵਿੱਚ ਘੋਲ ਕੇ ਫੁਆਰੇ ਨਾਲ ਗੰਨੇ ਦੀਆਂ ਕਤਾਰਾਂ ਦੇ ਨਾਲ ਪਾਓ। ਅਗੇਤੀ ਫੋਟ ਦੇ ਗੜੂੰਏ ਦੀ ਰੋਕਥਾਮ ਲਈ 10 ਕਿਲੋ ਰੀਜੈਂਟ/ਮੋਰਟੈਲ/ਰਿਪਨ 0.3 ਜੀ (ਫਿਪਰੋਨਿਲ) ਦਾਣੇਦਾਰ ਨੂੰ 20 ਕਿਲੋ ਗਿੱਲੀ ਮਿੱਟੀ ਵਿੱਚ ਮਿਲਾ ਕੇ ਗੁੱਲੀਆਂ ਉੱਪਰ ਪਾ ਕੇ ਸੁਹਾਗੇ ਨਾਲ ਗੁੱਲੀਆਂ ਢੱਕ ਦਿਉ ਜਾਂ ਫਿਰ ਫ਼ਸਲ ਉੱਗਣ (ਤਕਰੀਬਨ ਗੁੱਲੀਆਂ ਲਾਉਣ ਤੋਂ 45 ਕੁ ਦਿਨਾਂ ਬਾਅਦ) ਤੇ 10 ਕਿਲੋ ਰੀਜੈਂਟ/ਮੋਰਟੈਲ/ਰਿਪਨ 0.3 ਜੀ ਨੂੰ 20 ਕਿਲੋ ਰੇਤ ਵਿੱਚ ਮਿਲਾ ਕੇ ਜਾਂ 150 ਗ੍ਰਾਮ ਟਕੂਮੀ 20 ਡਬਲਯੂ ਜੀ ਜਾਂ 150 ਮਿ.ਲਿ. ਕੋਰਾਜਨ 18.5 ਤਾਕਤ ਜਾਂ 2 ਲਿਟਰ ਡਰਮਟ/ਕਲਾਸਿਕ/ਡਰਸਬਾਨ/ ਮਾਰਕਪਾਈਰੀਫਾਸ 20 ਤਾਕਤ ਨੂੰ 400 ਲਿਟਰ ਪਾਣੀ ਵਿੱਚ ਘੋਲ ਕੇ ਸਿਆੜਾਂ ਦੇ ਨਾਲ-ਨਾਲ ਫ਼ੁਹਾਰੇ ਨਾਲ ਪਾ ਕੇ ਹਲਕੀ ਜਿਹੀ ਮਿੱਟੀ ਚੜ੍ਹਾਉਣ ਤੋਂ ਬਾਅਦ ਪਤਲਾ ਜਿਹਾ ਪਾਣੀ ਲਾ ਦਿਉ। ਮੌਸਮੀ ਨਦੀਨਾਂ ਦੀ ਰੋਕਥਾਮ ਲਈ 800 ਗ੍ਰਾਮ ਪ੍ਰਤੀ ਏਕੜ ਐਟਰਾਟਾਫ 50 ਡਬਲਯੂ ਪੀ ਜਾਂ ਸੈਨਕੋਰ 70 ਡਬਲਯੂ ਪੀ ਜਾਂ ਕਾਰਮੈਕਸ/ਕਲਾਸ 80 ਡਬਲਯੂ ਪੀ ਕਮਾਦ ਦੀ ਫ਼ਸਲ ਬੀਜਣ ਤੋਂ 2-3 ਦਿਨਾਂ ਦੇ ਅੰਦਰ 200 ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕਰੋ। ਗੰਨੇ ਦੀ ਬਿਜਾਈ ਤੋਂ 15 ਦਿਨ ਪਹਿਲਾਂ 8 ਟਨ ਰੂੜੀ ਜਾਂ ਪ੍ਰੈਸ ਮੱਡ ਪ੍ਰਤੀ ਏਕੜ ਦੇ ਹਿਸਾਬ ਨਾਲ ਜ਼ਮੀਨ ਵਿੱਚ ਚੰਗੀ ਤਰ੍ਹਾਂ ਮਿਲਾ ਦਿਉ। ਜੇਕਰ ਰੂੜੀ ਜਾਂ ਪ੍ਰੈਸ ਮੱਡ ਪਾਈ ਹੋਵੇ ਤਾਂ ਨਾਈਟਰੋਜ਼ਨ ਦੀ ਮਾਤਰਾ 60 ਕਿਲੋ ਪ੍ਰਤੀ ਏਕੜ ਤੋਂ ਘਟਾ ਕੇ 40 ਕਿਲੋ ਪ੍ਰਤੀ ਏਕੜ ਕਰ ਦਿਉ ਪਰੰਤੂ ਹਲਕੀਆਂ ਜ਼ਮੀਨਾਂ ਵਿੱਚ ਖਾਦ ਦੀ ਮਿਕਦਾਰ ਨਾ ਘਟਾਓ। ਫਾਸਫੋਰਸ ਤੱਤ ਮਿੱਟੀ ਪਰਖ ਅਨੁਸਾਰ ਵਰਤੋ । ਆਮ ਹਾਲਤਾਂ ਵਿਚ ਗੰਨੇ ਦੀ ਬਿਜਾਈ ਸਮੇਂ 65 ਕਿਲੋ ਯੂਰੀਆ ਪ੍ਰਤੀ ਏਕੜ ਵਰਤੋ। ਇਸ ਤੋ ਇਲਾਵਾ ਬਿਜਾਈ ਸਮੇਂ 4 ਕਿਲੋ ਅਜੋਟੋਬੈਕਟਰ (ਜੀਵਾਣੂ ਖਾਦ) ਪ੍ਰਤੀ ਏਕੜ ਪਾਓ।

**ਹਰੇ ਚਾਰੇ:** ਜ਼ਮੀਨ ਦੀ ਕਿਸਮ ਅਤੇ ਮੌਸਮ ਨੂੰ ਦੇਖਦੇ ਹੋਏ 15-20 ਦਿਨਾਂ ਦੇ ਫ਼ਰਕ ਤੇ ਬਰਸੀਮ ਅਤੇ ਲੂਸਣ ਦੀ ਫ਼ਸਲ ਨੂੰ ਪਾਣੀ ਦਿੰਦੇ ਰਹੋ। ਜੇਕਰ ਹਰਾ ਚਾਰਾ ਜ਼ਿਆਦਾ ਹੋਵੇ ਤਾਂ ਇਸ ਮਹੀਨੇ ਦੇ ਅਖ਼ੀਰ 'ਚ ਜਾਂ ਮਾਰਚ ਦੇ ਸ਼ੁਰੂ ਵਿੱਚ ਜਵੀਂ ਦੀ ਫ਼ਸਲ ਜਦੋਂ ਦੋਧੀ ਹੋਵੇ ਤਾਂ ਅਚਾਰ ਬਣਾ ਲਵੋ।

## ਸਬਜ਼ੀਆਂ

**ਕੱਦੂ ਜਾਤੀ ਦੀਆਂ ਸਬਜ਼ੀਆਂ:** ਜਦੋਂ ਹੀ ਕੋਰੇ ਦਾ ਖ਼ਤਰਾ ਖ਼ਤਮ ਹੋ ਜਾਵੇ ਤਾਂ ਨਵੰਬਰ-ਦਸੰਬਰ ਵਿੱਚ ਬੀਜੀਆਂ ਗਈਆਂ ਸਬਜ਼ੀਆਂ ਤੋਂ ਸਰਕੰਡਾ ਜਾਂ ਪਲਾਸਟਿਕ ਦੀ ਚਾਦਰ ਉਤਾਰ ਦਿਉ ਅਤੇ ਪਾਣੀ ਦੇ ਦਿਉ। ਨਾਈਟ੍ਰੋਜਨ ਦੀ ਰਹਿੰਦੀ ਅੱਧੀ ਖ਼ੁਰਾਕ ਖਾਲੀਆਂ ਵਿੱਚ ਪਾ ਕੇ ਮਿੱਟੀ ਚੜ੍ਹਾ ਦਿਉ ਅਤੇ ਫਿਰ ਬੂਟਿਆਂ ਨੂੰ ਕਿਆਰੀਆਂ ਵਿੱਚ ਕਰ ਦਿਉ। ਫਿਰ ਹਫ਼ਤੇ ਵਿੱਚ ਇੱਕ ਵਾਰ ਰੇਤਲੀਆਂ ਜ਼ਮੀਨਾਂ ਅਤੇ ਭਾਰੀਆਂ ਜ਼ਮੀਨਾਂ ਵਿੱਚ ਦਸ ਦਿਨਾਂ ਦੇ ਵਕਫ਼ੇ ਤੇ ਪਾਣੀ ਦਿੰਦੇ ਰਹੋ। 35 ਕਿਲੋ ਯੂਰੀਆ, 155 ਕਿਲੋ ਸੁਪਰਫਾਸਫੇਟ (ਸਿੰਗਲ) ਅਤੇ 40 ਕਿਲੋ ਮਿਊਰੇਟ ਆਫ਼ ਪੋਟਾਸ਼ ਨੂੰ ਉੱਤਰੀ ਪਾਸੇ ਵੱਲ ਪਾ ਕੇ ਖ਼ਾਲੀਆਂ ਤਿਆਰ ਕਰੋ। ਬੀਜ ਨਮੀ ਵਾਲੀ ਢੇਰੀ ਦੇ ਦੱਖਣੀ ਦਿਸ਼ਾ ਵੱਲ ਬੀਜੋ।ਇਸ ਮਹੀਨੇ ਦੇ ਦੂਸਰੇ ਪੰਦਰਵਾੜੇ ਖਰਬੂਜ਼ਾ, ਹਦਵਾਣਾ, ਕੱਦੂ ਅਤੇ ਹਲਵਾ ਕੱਦੂ ਦੀ ਨਰਸਰੀ ਨੂੰ ਪਹਿਲਾਂ ਤਿਆਰ ਖੇਤ ਵਿੱਚ ਲਗਾਉਣਾ ਚਾਹੀਦਾ ਹੈ। ਬੀਜਣ ਤੋਂ ਪਹਿਲਾਂ ਪਲਾਸਟਿਕ ਦੇ ਲਿਫ਼ਾਫ਼ੇ ਉਤਾਰ ਲਉ। ਘੀਆਂ ਕੱਦੂ ਦੀਆਂ ਪੰਜਾਬ ਬਰਕਤ ਅਤੇ ਪੰਜਾਬ ਕੋਮਲ, ਪੰਜਾਬ ਬਹਾਰ, ਚੱਪਣ ਕੱਦੂ ਨੰਬਰ 1, ਖਰਬੂਜ਼ੇ ਦੀਆਂ ਐਮ ਐਚ-27, ਐਮ ਐਚ-51, ਪੰਜਾਬ ਸੁਨਹਿਰੀ, ਪੰਜਾਬ ਹਾਈਬਰਿਡ ਅਤੇ ਹਰਾ ਮਧੂ, ਹਦਵਾਣੇ ਦੀ ਸ਼ੂਗਰਬੇਬੀ, ਟੀਂਡੇ ਦੀ ਪੰਜਾਬ ਟੀਂਡਾ -1 ਅਤੇ ਐੱਸ-48, ਕਰੇਲੇ ਦੀ ਪੰਜਾਬ ਝਾੜ ਕਰੇਲਾ-1, ਪੰਜਾਬ ਕਰੇਲਾ-15, ਪੰਜਾਬ-14 ਅਤੇ ਪੰਜਾਬ ਕਰੇਲੀ ਨੰ.1 ਅਤੇ ਪੇਠੇ ਦੀ ਪੀ ਏ ਜੀ-3 ਅਤੇ ਹਲਵਾ ਕੱਦੂ ਦੀਆਂ ਪੀ ਪੀ ਐਚ-1, ਪੀ ਪੀ ਐਚ -2 ਅਤੇ ਪੰਜਾਬ ਸਮਰਾਟ, ਪੰਜਾਬ ਮਗਜ਼ ਕੱਦੂ-2 ਕਿਸਮਾਂ ਢੁੱਕਵੀਆਂ ਹਨ।

**ਸਾਵਧਾਨੀਆਂ:** ਜਿੰਨ੍ਹਾਂ ਖੇਤਾਂ ਵਿੱਚ ਆਲੂਆਂ ਦੀ ਫ਼ਸਲ ਲਈ ਐਟਰਾਜ਼ੀਨ ਨਦੀਨ ਨਾਸ਼ਕ ਵਰਤੀ ਗਈ ਹੈ ਉਥੇ ਕੱਦੂ ਜਾਤੀ ਦੀਆਂ ਫ਼ਸਲਾਂ ਨਾ ਬੀਜੋ।

**ਮਿਰਚਾਂ ਅਤੇ ਸ਼ਿਮਲਾ ਮਿਰਚ :** ਜਦ ਹੀ ਕੋਰੇ ਦਾ ਖਤਰਾ ਨਾ ਜਾਪੇ ਤਾਂ ਮਿਰਚ ਅਤੇ ਸ਼ਿਮਲਾ ਮਿਰਚ ਦੇ ਖੇਤਾਂ ਵਿਚੋਂ ਸਰਕੰਡਾ ਜਾਂ ਪਲਾਸਟਿਕ ਦੀ ਚਾਦਰ ਹਟਾ ਦਿਉ ਅਤੇ ਖੇਤ ਨੂੰ ਪਾਣੀ ਦੇ ਦਿਉ। ਇੱਕ ਹਫ਼ਤੇ ਬਾਅਦ 90 ਕਿਲੋ ਯੂਰੀਆ ਪ੍ਰਤੀ ਏਕੜ ਦੇ ਹਿਸਾਬ ਪਾ ਕੇ ਬੂਟਿਆਂ ਦੇ ਮੁੱਢਾਂ ਨਾਲ ਮਿੱਟੀ ਚੜ੍ਹਾ ਦਿਉ। ਮਿਰਚ ਅਤੇ ਸ਼ਿਮਲਾ ਮਿਰਚ ਦੀ ਜਿਹੜੀ ਪਨੀਰੀ ਤਿਆਰ ਕੀਤੀ ਗਈ ਹੈ ਉਹ ਸਿਫ਼ਾਰਸ਼ ਕੀਤੇ ਫ਼ਾਸਲੇ ਤੇ ਖੇਤ ਵਿੱਚ ਲਗਾ ਦਿਉ। ਸ਼ਿਮਲਾ ਮਿਰਚ ਨੂੰ 35 ਕਿਲੋ ਯੂਰੀਆ, 175 ਕਿਲੋ ਸੁਪਰਫਾਸਫੇਟ (ਸਿੰਗਲ) ਅਤੇ 20 ਕਿਲੋ ਮਿਊਰੇਟ ਆਫ਼ ਪੋਟਾਸ਼ ਨੂੰ ਪ੍ਰਤੀ ਏਕੜ ਦੇ ਹਿਸਾਬ ਪਾਉ ਅਤੇ ਮਿਰਚ ਦੀ ਫ਼ਸਲ ਨੂੰ 30 ਕਿਲੋ ਯੂਰੀਆ, 75 ਕਿਲੋ ਸਿੰਗਲ ਸੁਪਰਫਾਸਫੇਟ ਅਤੇ 20 ਕਿਲੋ ਮਿਊਰੇਟ ਆਫ਼ ਪੋਟਾਸ਼ ਪ੍ਰਤੀ ਏਕੜ ਦੇ ਹਿਸਾਬ ਪਾਓ। ਦੋਗਲੀਆਂ ਕਿਸਮਾਂ ਵਾਸਤੇ ਨਾਈਟਰੋਜਨ ਖਾਦ ਵਧਾਈ ਜਾ ਸਕਦੀ ਹੈ। ਪਨੀਰੀ ਲਾਉਣ ਤੋਂ ਫੌਰਨ ਬਾਅਦ ਪਹਿਲਾ ਪਾਣੀ ਦੇ ਦਿਉ ਅਤੇ ਇੱਕ ਪਾਣੀ ਹਫ਼ਤੇ ਤੋਂ ਬਾਅਦ ਫਿਰ ਦਿਉ। 7-10 ਦਿਨਾਂ ਬਾਅਦ ਖੇਤ ਵਿੱਚ ਖਾਲੀ ਥਾਂ ਦੇਖ ਕੇ ਫਿਰ ਬੂਟੇ ਲਗਾ ਦਿਉ ਤਾਂ ਜੋ ਖੇਤ ਵਿੱਚ ਬੂਟੇ ਪੂਰੇ ਹੋ ਜਾਣ।

**ਬੈਂਗਣ:** ਜਦ ਕੋਰੇ ਦਾ ਮੌਸਮ ਖ਼ਤਮ ਹੋ ਜਾਵੇ ਤਾਂ ਦੁਪਹਿਰ ਤੋਂ ਬਾਅਦ ਸਰਕੰਡਾ ਜਾਂ ਪਲਾਸਟਿਕ ਦੀ ਚਾਦਰ ਉਤਾਰ ਦਿਉ ਅਤੇ ਖੇਤ ਨੂੰ ਪਾਣੀ ਦੇ ਦਿਉ। ਇੱਕ ਹਫ਼ਤੇ ਬਾਅਦ 55 ਕਿਲੋ ਯੂਰੀਆ ਖਾਦ ਪਾਉ ਅਤੇ ਬੂਟਿਆਂ ਦੇ ਮੁੱਢਾਂ ਤੇ ਮਿੱਟੀ ਵੀ ਚੜ੍ਹਾ ਦਿਉ। ਪੰਜਾਬ ਸਦਾਬਹਾਰ, ਹਾਈਬਰਿਡ ਬੀ ਐਚ-2, ਪੀ ਬੀ ਐਚ-3, ਪੀ ਬੀ ਐਚ-4, ਪੀ ਵੀ ਐਚ-5, ਪੀ ਵੀ ਐਚ-41 ਅਤੇ ਪੀ ਵੀ ਐਚ-42 ਅਤੇ ਹੋਰ ਸਿਫ਼ਾਰਸ਼ ਕੀਤੀਆਂ ਕਿਸਮਾਂ ਦੀ ਪਨੀਰੀ ਖੇਤ ਵਿੱਚ ਲਗਾ ਦਿਉ। ਖੇਤ ਵਿੱਚ 10 ਟਨ ਰੂੜੀ ਪਾਉ ਅਤੇ 55 ਕਿਲੋ ਯੂਰੀਆ, 155 ਕਿਲੋ ਸਿੰਗਲ ਸੁਪਰਫਾਸਫੇਟ ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪ੍ਰਤੀ ਏਕੜ ਦੇ ਹਿਸਾਬ ਛੱਟੇ ਨਾਲ ਪਾ ਦਿਉ। ਹਫ਼ਤੇ ਬਾਅਦ ਖਾਲੀ ਥਾਂ ਭਰ ਦਿਉ ਅਤੇ ਪਾਣੀ ਦੇ ਦਿਉ ।

**ਭਿੰਡੀ :** ਖੇਤ ਤਿਆਰ ਕਰਕੇ 40 ਕਿਲੋ ਯੂਰੀਆ ਪ੍ਰਤੀ ਏਕੜ ਦੇ ਹਿਸਾਬ ਪਾਉ। ਵੱਟਾਂ ਬਣਾ ਲਉ ਅਤੇ ਪਾਣੀ ਦੇ ਦਿਉ। ਇਹ ਬੀਜ 45 ਸੈਟੀਂਮੀਟਰ ਵੱਟਾਂ ਦੇ ਫ਼ਾਸਲੇ ਤੇ 15 ਸੈਟੀਂਮੀਟਰ ਦੀ ਦੂਰੀ ਤੇ ਬੀਜ ਦਿਉ। ਵੱਟਾਂ ਤੇ ਬੀਜ ਜਲਦੀ ਉੱਗਣਗੇ ਅਤੇ ਵਧੀਆ ਫ਼ਸਲ ਹੋਵੇਗੀ। ਇਸ ਸਮੇਂ ਬੀਜਣ ਲਈ ਪੰਜਾਬ ਸੁਹਾਵਨੀ, ਪੰਜਾਬ ਪਦਮਨੀ, ਪੰਜਾਬ-7 ਅਤੇ ਪੰਜਾਬ-8 ਕਿਸਮਾਂ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ।

**ਟਮਾਟਰ :** ਕੋਰੇ ਦਾ ਮੌਸਮ ਖ਼ਤਮ ਹੋਣ ਤੇ ਦੁਪਹਿਰ ਤੋਂ ਬਾਅਦ ਸਰਕੰਡਾ ਅਤੇ ਪਲਾਸਟਿਕ ਉਤਾਰ ਦਿਉ ਅਤੇ ਖੇਤ ਨੂੰ ਪਾਣੀ ਦੇ ਦਿਉ। ਇੱਕ ਹਫ਼ਤੇ ਬਾਅਦ ਇਕ ਕਿਲੋ ਕਿਸਾਨ ਖਾਦ ਪ੍ਰਤੀ ਏਕੜ ਦੇ ਹਿਸਾਬ ਪਾਉ। ਗੋਡੀ ਨਾਲ ਨਦੀਨ ਖ਼ਤਮ ਕਰ ਦਿਉ ਅਤੇ ਬੂਟਿਆਂ ਦੇ ਮੁੱਢਾਂ ਤੇ 7 ਤੋਂ 10 ਦਿਨਾਂ ਬਾਅਦ ਪਾਣੀ ਦਿੰਦੇ ਰਹੋ।ਪਿਛੇਤੇ ਝੁਲਸ ਰੋਗ ਦੀ ਰੋਕਥਾਮ ਲਈ ਫ਼ਸਲ ਤੇ 600 ਗ੍ਰਾਮ ਇੰਡੋਫ਼ਿਲ ਐਮ-45 ਨੂੰ ਪ੍ਰਤੀ ਏਕੜ 200 ਲਿਟਰ ਪਾਣੀ ਵਿੱਚ ਪਾ ਕੇ 7 ਦਿਨਾਂ ਦੇ ਵਕਫ਼ੇ ਤੇ ਛਿੜਕਾਅ ਕਰੋ।

**ਗੰਢੇ:** ਜਾਮਨੀ ਧੱਬਿਆਂ ਦੀ ਬੀਮਾਰੀ ਨਜ਼ਰ ਆਉਣ ਤੇ ਗੰਢਿਆਂ ਦੀ ਫ਼ਸਲ ਤੇ 300 ਗ੍ਰਾਮ ਕੈਵੀਅਟ ਜਾਂ 600 ਗ੍ਰਾਮ ਇੰਡੋਫ਼ਿਲ ਐਮ-45 ਅਤੇ 200 ਮਿਲੀਲਿਟਰ ਟਰਾਈਟੋਨ ਨਾਲ ਜਾਂ ਅਲਸੀ ਦੇ ਤੇਲ ਨੂੰ 200 ਲਿਟਰ ਪਾਣੀ ਵਿੱਚ ਮਿਲਾ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਦਸ ਦਿਨਾਂ ਦੇ ਵਕਫ਼ੇ ਤੇ ਤਿੰਨ ਛਿੜਕਾਅ ਕਰੋ।

**ਬਾਗਬਾਨੀ :**

1. ਪੱਤਝੜ ਵਾਲੇ ਫ਼ਲਦਾਰ ਬੂਟੇ ਜਿਵੇਂ ਕਿ ਨਾਖ ਅਤੇ ਅੰਗੂਰ ਆਦਿ ਨੂੰ ਫ਼ਰਵਰੀ ਦੇ ਪਹਿਲੇ ਹਫ਼ਤੇ ਤੱਕ ਨਵੀਂ ਫੋਟ ਆਉਣ ਤੋਂ ਪਹਿਲਾਂ ਲਗਾ ਦਿਉ।
2. ਸਦਾਬਹਾਰ ਫ਼ਲਦਾਰ ਬੂਟੇ ਜਿਵੇਂ ਨਿੰਬੂ ਜਾਤੀ ਦੇ ਬੂਟੇ, ਅੰਬ, ਅਮਰੂਦ, ਲੁਕਾਠ ਅਤੇ ਬੇਰ ਆਦਿ ਨੂੰ ਫ਼ਰਵਰੀ ਦੇ ਦੂਜੇ ਪੰਦਰਵਾੜੇ ਵਿੱਚ ਲਗਾਇਆ ਜਾ ਸਕਦਾ ਹੈ। ਪਰ ਇਹਨਾਂ ਦੀ ਲੁਆਈ ਲਈ ਜੁਲਾਈ- ਸਤੰਬਰ ਦਾ ਸਮਾਂ ਜ਼ਿਆਦਾ ਢੁਕਵਾਂ ਰਹਿੰਦਾ ਹੈ ।
3. ਕਿਨੂੰ ਦੇ ਪੂਰੇ ਵੱਡੇ ਬੂਟਿਆਂ ਨੂੰ ਫਰਵਰੀ ਮਹੀਨੇ 960 ਗ੍ਰਾਮ ਯੂਰੀਆ ਅਤੇ 2750 ਗ੍ਰਾਮ ਸਿੰਗਲ ਸੁਪਰ ਫਾਸਫੇਟ ਖਾਦ ਪਾ ਦਿਉ। ਕਿਨੂੰ ਤੋਂ ਬਿਨਾ ਹੋਰ ਨਿੰਬੂ ਜਾਤੀ ਦੇ ਫਲਾਂ ਨੂੰ ਬੂਟਿਆਂ ਦੇ ਅਕਾਰ ਮੁਤਾਬਿਕ 880-1760 ਗ੍ਰਾਮ ਯੂਰੀਆ ਖਾਦ ਪਾ ਦਿਓ।ਸੰਤਰੇ, ਮਾਲਟੇ ਦੇ ਵੱਡੇ ਬੂਟਿਆਂ ਨੂੰ ਇਸ ਮਹੀਨੇ ਬੂਟੇ ਦੇ ਆਕਾਰ ਅਨੁਸਾਰ 400-800 ਗ੍ਰਾਮ ਯੂਰੀਆ ਖਾਦ ਪਹਿਲੀ ਕਿਸ਼ਤ ਵਜੋਂ ਪਾਉ। ਲੁਕਾਠ ਦੇ ਬੂਟਿਆਂ ਨੂੰ 500 ਗ੍ਰਾਮ ਯੂਰੀਆ ਪ੍ਰਤੀ ਬੂਟਾ ਦੇ ਹਿਸਾਬ ਨਾਲ ਨਾਈਟ੍ਰੋਜਨ ਖਾਦ ਦੀ ਦੂਜੀ ਕਿਸ਼ਤ ਵਜੋਂ ਪਾਉ। ਅੰਬਾਂ ਦੇ ਬੂਟਿਆਂ ਨੂੰ 500 ਗ੍ਰਾਮ ਯੂਰੀਆ ਅਤੇ ਇੱਕ ਕਿਲੋ ਮਿਊਰੇਟ ਆਫ ਪੋਟਾਸ਼ ਅਤੇ ਲੀਚੀ ਦੇ ਬੂਟਿਆਂ ਨੂੰ 800 ਯੂਰੀਆ ਗ੍ਰਾਮ ਪ੍ਰਤੀ ਬੂਟਾ ਇਸ ਮਹੀਨੇ ਦੇ ਅੱਧ ਤੱਕ ਪਾਉ। ਪਪੀਤੇ ਦੇ ਬੂਟਿਆਂ ਨੂੰ 1:2:0.33 ਦੀ ਅਨੁਪਾਤ ਨਾਲ (ਯੂਰੀਆ, ਸਿੰਗਲ ਸੁਪਰਫਾਸਫੇਟ ਅਤੇ ਮਿਊਰੇਟ ਆਫ ਪੋਟਾਸ਼) ਦਾ ਮਿਸ਼ਰਣ 625 ਗ੍ਰਾਮ ਅਤੇ ਨਾਲ ਹੀ 20 ਕਿਲੋ ਰੂੜੀ ਦੀ ਖਾਦ ਪ੍ਰਤੀ ਬੂਟਾ ਪਾਉ। ਨਾਖਾਂ ਨੂੰ 500 ਗ੍ਰਾਮ ਯੂਰੀਆ, ਆੜੂਆਂ ਨੂੰ 500 ਗ੍ਰਾਮ ਯੂਰੀਆ ਫੁੱਲ ਪੈਣ ਤੋਂ ਪਿੱਛੋਂ, ਅਲੂਚੇ ਨੂੰ 180 ਗ੍ਰਾਮ ਯੂਰੀਆ ਫੁੱਲ ਪੈਣ ਤੋਂ ਪਿੱਛੋਂ ਇਸ ਮਹੀਨੇ ਪ੍ਰਤੀ ਬੂਟੇ ਦੇ ਹਿਸਾਬ ਨਾਲ ਪਾਉ। ਅੰਗੂਰਾਂ ਦੇ ਫ਼ਲ ਦਿੰਦੇ ਬੂਟਿਆਂ ਨੂੰ ਕਾਂਟ-ਛਾਂਟ ਤੋਂ ਬਾਅਦ 500 ਗ੍ਰਾਮ ਯੂਰੀਆ ਤੇ 400 ਗ੍ਰਾਮ ਮਿਊਰੇਟ ਆਫ ਪੋਟਾਸ਼ ਪ੍ਰਤੀ ਬੂਟਾ ਦੀ ਵਰਤੋਂ ਕਰੋ। ਖਾਦ ਪਾਉਂਦੇ ਸਮੇਂ ਧਿਆਨ ਰੱਖੋ ਕਿ ਬੂਟੇ ਦੇ ਹੇਠਾਂ ਖਾਦ ਇੱਕਸਾਰ ਪਵੇ ਅਤੇ ਫਿਰ ਖਾਦਾਂ ਨੂੰ ਹਲਕੀ ਗੋਡੀ ਕਰਕੇ ਮਿੱਟੀ ਵਿੱਚ ਰਲਾ ਦਿਉ।
4. ਨਿੰਬੂ ਜਾਤੀ ਦੇ ਬੂਟਿਆਂ ਦੀ ਸਿੰਚਾਈ ਵੱਲ ਧਿਆਨ ਦਿਉ ਕਿਉਂਕਿ ਫ਼ਰਵਰੀ ਮਹੀਨੇ ਹੀ ਫੁਟਾਰਾ ਹੋਵੇਗਾ। ਲੁਕਾਠ ਦੇ ਬੂਟਿਆਂ ਨੂੰ ਇੱਕ-ਦੋ ਪਾਣੀ ਦਿਉ ਕਿਉਂਕਿ ਫ਼ਲ ਪੈ ਚੁੱਕਾ ਹੈ। ਬੇਰ ਦੇ ਬੂਟਿਆਂ ਨੂੰ ਵੀ ਪਾਣੀ ਦਿਉ ਤਾਂ ਜੋ ਫ਼ਲ ਦਾ ਆਕਾਰ ਵਧੇ। ਫ਼ਰਵਰੀ ਦੇ ਪਹਿਲੇ ਪੰਦਰਵਾੜੇ ਵਿੱਚ ਅੰਗੂਰਾਂ ਦੀ ਕਾਂਟ-ਛਾਂਟ ਤੋਂ ਬਾਅਦ ਇੱਕ ਪਾਣੀ ਲਾਉ।
5. ਫ਼ਰਵਰੀ ਦੇ ਅੱਧ ਤੱਕ ਅੰਗੂਰਾਂ ਦੀ ਕਾਂਟ-ਛਾਂਟ ਹਰ ਹਾਲਤ ਵਿੱਚ ਕਰ ਲਵੋ।
6. ਨਿੰਬੂ ਜਾਤੀ ਦੇ ਫਲਾਂ ਦੀ ਤੁੜਾਈ ਕਰਨ ਤੋਂ ਬਾਅਦ ਸੁਚੱਜੇ ਤਰੀਕੇ ਨਾਲ ਸੋਕ ਕੱਢ ਕੇ ਬੋਰਡੋ ਮਿਸ਼ਰਣ (2:2:250) ਜਾਂ ਬਲਾਈਟੌਕਸ 3 ਗ੍ਰਾਮ ਪ੍ਰਤੀ ਲਿਟਰ ਪਾਣੀ ਦੇ ਹਿਸਾਬ ਨਾਲ ਛਿੜਕਾਅ ਕਰ ਦਿਉ। ਕੱਟੇ ਹੋਏ ਭਾਗਾਂ ਤੇ ਬੋਰਡੋ ਪੇਸ਼ਟ ਲਗਾ ਦਿਉ ਅਤੇ ਹਫਤੇ ਬਾਅਦ ਤਣਿਆ ਉੱਪਰ ਬੋਰਡੋ ਪੇਂਟ ਦਾ ਲੇਪ ਲਗਾਉ।
7. ਠੰਡ ਤੋਂ ਬਚਾਉਣ ਲਈ ਛੋਟੇ ਫ਼ਲਦਾਰ ਬੂਟਿਆਂ ਉਪਰ ਕੀਤਾ ਛੌਰਾ ਅਜੇ ਬਰਕਰਾਰ ਰੱਖੋ ।
8. ਨਿੰਬੂ ਜਾਤੀ ਦੇ ਬੂਟਿਆਂ ਦਾ ਸਿੱਟਰਸ ਸਿੱਲਾ ਮਾਰਨ ਲਈ 200 ਮਿਲੀਲਿਟਰ ਕਰੋਕੋਡਾਈਲ/ਕੰਨਫੀਡੋਰ ਜਾਂ 160 ਗ੍ਰਾਮ ਐਕਟਾਰਾ/ਦੋਤਾਰਾ (ਥਾਇਆਮਿਥਕਸਮ) ਜਾਂ 6.25 ਲਿਟਰ ਮੈਕ ਐਚ ਐਮ ਓ (ਹਾਰਟੀਕਲਰਚ ਮਿਨਰਲ ਆਇਲ) ਨੂੰ 500 ਲਿਟਰ ਪਾਣੀ ਵਿੱਚ ਘੋਲ ਕੇ ਫੁੱਲ ਆਉਣ ਤੋਂ ਪਹਿਲਾਂ ਛਿੜਕਾਅ ਕਰੋ। ਜਾਂ 10 ਲਿਟਰ ਸੋਇਆਬੀਨ ਤੇਲ ਜਾਂ 10 ਲਿਟਰ ਕਪਾਹ ਦੇ ਬੀਜ ਦਾ ਤੇਲ + 1.25 ਕਿੱਲੋ ਸਰਫ (ਸਰਫੈਕਟੈਂਟ) 500 ਲਿਟਰ ਪਾਣੀ ਵਿੱਚ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ।
9. ਸਿੱਟਰਸ ਕੈਂਕਰ ਰੋਕਣ ਲਈ ਸਟਰੈਪਟੋਸਾਈਕਲੀਨ 50 ਗ੍ਰਾਮ+25 ਗ੍ਰਾਮ ਨੀਲਾ ਥੋਥਾ 500 ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕਰੋ। ਬੋਰਡੋ ਮਿਸ਼ਰਣ 2:2:250 ਜਾਂ 0.3% ਕੌਂਪਰ ਆਕਸੀਕਲੋਰਾਈਡ ਵੀ ਛਿੜਕਿਆ ਜਾ ਸਕਦਾ ਹੈ।
10. ਨਿੰਬੂ ਜਾਤੀ ਵਿੱਚ ਗੂੰਦੀਆ (ਪੈਰ ਗਲਣਾ/ਹੇਠਾਂ ਤੋ ਤਣੇ ਦਾ ਗਲਣਾ) ਰੋਗ ਨੂੰ ਰੋਕਣ ਲਈ 25 ਗ੍ਰਾਮ ਕਰਜੇਟ ਐਮ-8 ਨੂੰ 10 ਲਿਟਰ ਪਾਣੀ ਪ੍ਰਤੀ ਬੂਟੇ ਦੇ ਹਿਸਾਬ ਨਾਲ ਬੂਟਿਆਂ ਦੇ ਆਲੇ-ਦੁਆਲੇ ਗੱੜ੍ਹਚ ਕਰੋ। ਇਸ ਤੋਂ ਇਲਾਵਾ ਇਸ ਦੀ ਰੋਕਥਾਮ ਲਈ ਸੋਡੀਅਮ ਹਾਈਪੋਕਲੋਰਾਈਟ (5%) 50 ਮਿ.ਲਿ. ਨੂੰ 10 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਬੂਟੇ ਦੇ ਹਿਸਾਬ ਨਾਲ ਮੁੱਢਾਂ ਅਤੇ ਛੱਤਰੀ ਹੇਠ ਛਿੜਕਿਆ ਜਾ ਸਕਦਾ ਹੈ।

11. ਅੰਬਾਂ ਵਿੱਚ ਚਿੱਟੋਂ ਦੀ ਰੋਕਥਾਮ ਲਈ ਇਸ ਮਹੀਨੇ ਕੈਰਾਥੇਨ 1.0 ਗ੍ਰਾਮ ਘੁਲਣਸ਼ੀਲ ਜਾਂ ਗੰਧਕ 2.5 ਗ੍ਰਾਮ ਜਾਂ 1.0 ਮਿ.ਲੀ. ਕੰਟਾਫ ਦਾ ਫੁੱਲ ਨਿਕਲਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਫੁੱਲ-ਪੱਤੀਆਂ ਝੜਨ ਤੱਕ 10 ਦਿਨਾਂ ਦੇ ਵਕਫ਼ੇ ਤੇ ਛਿੜਕਾਅ ਕਰੋ।

## ਸਜਾਵਟੀ ਬੂਟੇ

1. ਪੱਤਝੜ ਰੁੱਤ ਦੇ ਸਜਾਵਟੀ ਬੂਟੇ (ਸਾਵਣੀ, ਨਿਰਗੁੰਡੀ, ਮਹਿੰਦੀ, ਜਟਰੋਫਾ ਆਦਿ) ਫੁਟਾਰਾ ਪੈਣ ਤੋਂ ਪਹਿਲਾਂ ਲਗਾਏ ਜਾ ਸਕਦੇ ਹਨ।
2. ਬੀਜ ਉਤਪਾਦਨ ਲਈ ਸਰਦ ਰੁੱਤ ਦੇ ਮੌਸਮੀ ਫੁੱਲਾਂ ਦੇ ਖੇਤ ਅਤੇ ਫੁੱਲਾਂ ਦੀਆਂ ਕਿਆਰੀਆਂ ਵਿੱਚੋਂ ਨਦੀਨ ਜਾਂ ਅਣਚਾਹੇ ਬੂਟੇ ਕੱਢ ਦਿਓ।
3. ਗਰਮੀਆਂ ਵਿੱਚ ਫੁੱਲ ਦੇਣ ਵਾਲੇ ਗੰਢਿਆਂ ਵਾਲੇ ਬੂਟੇ ਬੀਜਣ ਦਾ ਇਹ ਢੁੱਕਵਾਂ ਸਮਾਂ ਹੈ।
4. ਇਸ ਮਹੀਨੇ ਦੇ ਅਖੀਰ ਵਿੱਚ ਗਰਮੀਆਂ ਵਾਲੇ ਮੌਸਮੀ ਫੁੱਲ (ਕੋਚੀਆ, ਜੀਨੀਆ ਆਦਿ) ਦੇ ਬੀਜ ਤੋਂ ਪਨੀਰੀ ਤਿਆਰ ਕਰਨ ਲਈ ਨਰਸਰੀ ਬੈੱਡਾਂ ਉੱਪਰ ਲਗਾਓ।
5. ਰੁੱਖਾਂ ਅਤੇ ਝਾੜੀਆਂ ਦੀ ਨਵੀਂ ਪੌਦ ਲਗਾਉਣ ਲਈ ਜਗ੍ਹਾ ਦਾ ਸਰਵੇਖਣ ਅਤੇ ਵਿਉਂਤ ਕਰੋ।
6. ਗੁਲਦਾਉਦੀ ਦੇ ਜੜ੍ਹੂੰਆਂ ਨੂੰ ਨਿਖੇੜ ਕੇ ਜ਼ਮੀਨ ਵਿੱਚ ਬੈੱਡਾਂ ਉੱਪਰ ਲਗਾਉਣ ਲਈ ਢੁੱਕਵਾਂ ਸਮਾਂ ਹੈ।
7. ਘਾਹ ਲਗਾਉਣ ਲਈ ਵਿਉਂਤਬੰਦੀ ਕਰਕੇ ਜ਼ਮੀਨ ਦੀ ਤਿਆਰੀ ਕਰੋ।
8. ਫੁਰਾਣੇ ਬੂਟਿਆਂ ਗਮਲਿਆਂ ਵਿੱਚੋਂ ਕੱਢ ਕੇ ਵੱਡੇ ਗਮਲਿਆਂ ਵਿੱਚ ਦੁਬਾਰਾ ਮਿੱਟੀ ਭਰ ਕੇ ਲਗਾਓ।

# ਵਣ ਖੇਤੀ

**ਪਾਪਲਰ:** ਨਰਸਰੀ ਉਗਾਉਣ ਲਈ ਫ਼ਰਵਰੀ ਦੇ ਪਹਿਲੇ ਪੰਦਰਵਾੜੇ ਦੌਰਾਨ 50 ਸੈ.ਮੀ.×50 ਸੈ.ਮੀ. ਜਾਂ 60 ਸੈ.ਮੀ.×60 ਸੈਂ.ਮੀ. ਦੇ ਫਾਸਲੇ ਤੇ ਪਾਪਲਰ ਦੀਆਂ ਕਲਮਾਂ ਲਗਾਉ। ਇੱਕ ਸਾਲ ਦੇ ਬੂਟੇ ਤੋਂ 2-3 ਸੈਂ.ਮੀ. ਮੋਟੀਆਂ ਅਤੇ 20-25 ਸੈਂ.ਮੀ. ਲੰਬਾਈ ਦੀਆਂ ਕਲਮਾਂ ਤਿਆਰ ਕਰੋ। ਲਗਾਉਣ ਤੋਂ ਪਹਿਲਾਂ ਕਲਮਾਂ ਨੂੰ 24 ਘੰਟੇ ਵਾਸਤੇ ਤਾਜ਼ੇ ਪਾਣੀ ਵਿੱਚ ਭਿਉਂ ਦਿਉ। ਜ਼ਮੀਨ ਦੀ ਕਿਸਮ ਦੇ ਆਧਾਰ ਤੇ 8-12 ਟਨ ਗੋਹੇ ਦੀ ਖਾਦ, ਸਿੰਗਲ ਸੁਪਰਫਾਸਫੇਟ (40-80 ਕਿਲੋ) ਅਤੇ ਮਿਊਰੇਟ ਆਫ ਪੋਟਾਸ਼ (20-40 ਕਿਲੋਗ੍ਰਾਮ) ਪ੍ਰਤੀ ਏਕੜ ਦੇ ਹਿਸਾਬ ਨਾਲ ਪਾਉ। ਝੋਨੇ ਦੀ ਪਰਾਲੀ 4 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਵਿਛਾਉਣ ਨਾਲ ਨਦੀਨਾਂ ਦੀ ਰੋਕਥਾਮ ਵਧੀਆ ਹੁੰਦੀ ਹੈ।

**ਖੇਤ ਵਿੱਚ ਲੁਆਈ :** ਅੱਧ ਜਨਵਰੀ ਤੋਂ ਫ਼ਰਵਰੀ ਤੱਕ ਨੰਗੀ ਜੜ੍ਹ ਵਾਲੇ ਪਾਪਲਰ ਦੇ ਬੂਟਿਆਂ ਨੂੰ ਖਾਲ਼ੀਆਂ ਵਿੱਚ ਲਗਾਉ। ਖੇਤ ਵਿੱਚ ਬੂਟੇ 5 ਮੀਟਰ ×4 ਮੀਟਰ ਜਾਂ 8 ਮੀਟਰ ×2.5 ਮੀਟਰ ਦੇ ਫ਼ਾਸਲੇ ਤੇ ਅਤੇ ਕਤਾਰਾਂ ਉੱਤਰ-ਦੱਖਣ ਦੀ ਦਿਸ਼ਾ ਵਿੱਚ ਲਗਾਉ ਅਤੇ ਇਕਹਿਰੀ ਕਤਾਰ ਵਿੱਚ 3 ਮੀਟਰ ਦੇ ਫ਼ਾਸਲੇ ਤੇ ਬੂਟੇ ਤੋਂ ਬੂਟਾ ਲਗਾਉ। ਕੇਂਦਰੀ ਮੈਦਾਨੀ ਇਲਾਕਿਆਂ ਵਿੱਚ ਪੀ ਐਲ-1, ਪੀ ਐੱਲ-2, ਪੀ ਐੱਲ-3, ਪੀ ਐਲ-4, ਪੀ ਐਲ-5, ਐਲ-47/88 ਅਤੇ ਐਲ 48/89 ਕਿਸਮਾਂ ਢੁਕਵੀਆਂ ਹਨ, ਜਦਕਿ ਪੰਜਾਬ ਦੇ ਦੱਖਣੀ-ਪੱਛਮੀ ਭਾਗ ਵਿੱਚ ਪੀ ਐਲ-3, ਪੀ ਐੱਲ-6, ਪੀ ਐੱਲ-7 ਅਤੇ ਐਲ-48/89 ਕਿਸਮਾਂ ਵਧੀਆ ਹਨ। ਔਗਰ ਦੀ ਮਦਦ ਨਾਲ 15-20 ਸੈਂਟੀਮੀਟਰ ਵਿਆਸ ਦੇ ਟੋਏ ਬਣਾਉ। ਇਨ੍ਹਾਂ ਟੋਇਆਂ ਦੀ ਡੂੰਘਾਈ ਭਾਰੀਆਂ ਜ਼ਮੀਨਾਂ ਵਿੱਚ 75 ਸੈਂਟੀਮੀਟਰ ਅਤੇ ਹਲਕੀਆਂ ਜ਼ਮੀਨਾਂ ਵਿੱਚ 100 ਸੈਂਟੀਮੀਟਰ ਹੋਣੀ ਚਾਹੀਦੀ ਹੈ। ਬੂਟੇ ਲਗਾਉਣ ਤੋਂ ਪਹਿਲਾਂ 48 ਘੰਟੇ ਲਈ ਚੱਲਦੇ ਪਾਣੀ ਵਿੱਚ ਰੱਖ ਦਿਉ।ਟੋਏ ਵਿੱਚ ਬੂਟੇ ਰੱਖਣ ਤੋਂ ਬਾਅਦ ਟੋਏ ਨੂੰ ਉੱਪਰਲੀ ਮਿੱਟੀ ਅਤੇ ਰੂੜੀ ਦੀ ਖਾਦ (1:1), 110 ਗ੍ਰਾਮ ਯੂਰੀਆ ਅਤੇ 315 ਗ੍ਰਾਮ ਸਿੰਗਲ ਸੁਪਰਫਾਸਫੇਟ ਦੀ ਖਾਦ ਦੇ ਮਿਸ਼ਰਣ ਨਾਲ ਭਰ ਦਿਉ। ਪਾਪਲਰ ਦੀਆਂ ਤਿੰਨ ਸਾਲ ਤੋਂ ਘੱਟ ਉਮਰ ਦੀਆਂ ਪਲਾਂਟੇਸ਼ਨਾਂ ਵਿੱਚ ਗੰਨੇ ਦੀ ਬੀਜਾਈ ਅੱਧ ਫ਼ਰਵਰੀ ਵਿੱਚ ਕਰ ਦੇਣੀ ਚਾਹੀਦੀ ਹੈ।

**ਸਫ਼ੈਦਾ:** ਸਫੈਦੇ ਦੇ ਬੀਜ ਨੂੰ ਧਰਤੀ ਤੋਂ ਉੱਚੀਆਂ ਕਿਆਰੀਆਂ ਤੇ ਕਤਾਰਾਂ ਵਿੱਚਕਾਰ 10 ਸੈਂਟੀਮੀਟਰ ਦੀ ਦੂਰੀ ਰੱਖ ਕੇ ਬੀਜ ਦਿਉ। ਇੱਕ ਵਰਗ ਮੀਟਰ ਲਈ 20 ਗਰਾਮ ਬੀਜ ਦੀ ਵਰਤੋਂ ਕਰੋ। ਘਾਹ ਦੇ ਬਣੇ ਹੋਏ ਛੱਪਰ ਨਾਲ ਢੱਕ ਦਿਉ ਅਤੇ ਲੋੜ ਅਨੁਸਾਰ ਪਾਣੀ ਦਾ ਛਿੜਕਾਅ ਕਰਦੇ ਰਹੋ ਤਾਂ ਜੋ ਮਿੱਟੀ ਦੀ ਉੱਪਰਲੀ ਸਤਹਿ ਗਿੱਲੀ ਰਹੇ। ਜਦੋਂ ਪੌਦੇ ਤਿੰਨ ਜਾਂ ਚਾਰ ਪੱਤੇ ਕੱਢ ਲੈਣ ਤਾਂ ਇਨ੍ਹਾਂ ਨੂੰ ਪੋਲੀਥੀਨ ਦੀਆਂ ਥੈਲੀਆਂ ਵਿੱਚ (9"×6") ਜਿੰਨ੍ਹਾਂ ਨੂੰ ਮਿੱਟੀ ਅਤੇ ਰੂੜੀ ਦੀ ਖਾਦ (1:1) ਨਾਲ ਭਰਿਆ ਹੋਵੇ ਉਹਨਾਂ ਥੈਲੀਆਂ ਵਿੱਚ ਲਗਾ ਦਿਉ।

**ਸ਼ਹਿਦ ਦੀਆਂ ਮੱਖੀਆਂ ਪਾਲਣਾ :** ਅੱਧ ਫ਼ਰਵਰੀ ਤੱਕ ਸਰਦੀ ਕਾਫੀ ਘੱਟ ਜਾਂਦੀ ਹੈ। ਇਸ ਮਹੀਨੇ ਸਰ੍ਹੋਂ ਜਾਤੀ ਅਤੇ ਸਫ਼ੈਦੇ ਦਾ ਫੁੱਲ-ਫੁਲਾਕਾ ਕਾਫ਼ੀ ਮਿਲਦਾ ਹੈ। ਆੜੂ, ਨਾਸ਼ਪਾਤੀ ਅਤੇ ਨਿੰਬੂ ਜਾਤੀ ਦੇ ਰੁੱਖ ਵੀ ਫੁੱਲਾਂ ਤੇ ਹੁੰਦੇ ਹਨ। ਇਹ ਮਹੀਨਾ ਸ਼ਹਿਦ ਮੱਖੀ ਕਟੁੰਬਾਂ ਦੇ ਵਧਾਰੇ ਲਈ, ਅਤੇ ਸ਼ਹਿਦ ਮੱਖੀ ਪਾਲਣ ਦਾ ਧੰਦਾ ਸ਼ੁਰੂ ਕਰਨ ਲਈ ਵੀ ਬਹੁਤ ਹੀ ਸੁਖਾਵਾਂ ਅਤੇ ਢੁਕਵਾਂ ਹੈ। ਅੱਧ ਫ਼ਰਵਰੀ ਤੋਂ ਬਾਅਦ ਜੇਕਰ ਸਰਦੀ ਘੱਟ ਗਈ ਹੋਵੇ ਤਾਂ ਕਟੁੰਬ ਅੰਦਰੋਂ ਸਰਦੀ ਦੀ ਪੈਕਿੰਗ ਕੱਢ ਦਿਉ। ਹਾਈਵ ਦੀ ਸਫ਼ਾਈ ਕਰੋ। ਕਿਸੇ ਨਿੱਘੇ ਹਵਾ-ਬੰਦ ਵਾਲੇ ਦਿਨ ਦੁਪਹਿਰ ਵੇਲੇ ਕਟੁੰਬਾਂ ਦਾ ਖ਼ੁਰਾਕ, ਬਰੂਡ ਦੀ ਹੋਂਦ ਅਤੇ ਸਮੱਸਿਆ ਅਤੇ ਰਾਣੀ ਮੱਖੀ ਦੀ ਕਾਰ-ਗੁਜ਼ਾਰੀ ਸਬੰਧੀ ਨਰੀਖਣ ਕਰੋ। ਕਮਜ਼ੋਰ ਕਟੁੰਬਾਂ ਨੂੰ ਆਪਸ ਵਿੱਚ ਅਤੇ ਰਾਣੀ ਰਹਿਤ ਕਟੁੰਬਾਂ ਨੂੰ ਰਾਣੀ ਵਾਲੇ ਕਟੁੰਬਾਂ ਨਾਲ ਜੋੜ ਦਿਉ। ਲੋੜ ਹੋਵੇ ਤਾਂ ਖੰਡ ਦੇ ਘੋਲ ਦੀ ਉਤਸ਼ਾਹਕ ਖ਼ੁਰਾਕ (ਖੰਡ : ਪਾਣੀ = 1 : 2) ਦਿਉ। ਤਰਜੀਹ ਦੇ ਆਧਾਰ ਤੇ ਇਹ ਖੁਰਾਕ ਬਣੇ ਹੋਏ ਛੱਤਿਆਂ ਵਿੱਚ ਦਿਉ, ਵਰਨਾ ਇਹ ਖੁਰਾਕ ਡਵੀਜ਼ਨ-ਬੋਰਡ ਫੀਡਰ ਵਿੱਚ ਦਿਓ। ਰਾਣੀ ਮੱਖੀ ਦੀ ਅੰਡੇ ਦੇਣ ਅਤੇ ਕਾਮਾ ਮੱਖੀਆਂ ਦੇ ਕੰਮ ਦੀ ਰਫ਼ਤਾਰ ਮੁਤਾਬਿਕ ਹੋਰ ਬਣੇ-ਬਣਾਏ ਛੱਤੇ ਜਾਂ ਕਾਮਾ ਬਰੂਡ ਸੈਲਾਂ ਦੇ ਪ੍ਰਿੰਟ ਵਾਲੀਆਂ ਮੋਮੀ ਸ਼ੀਟਾਂ ਲਗਾ ਕੇ ਫ਼ਰੇਮਾਂ ਦਿਉ। ਲੋੜ ਅਨੁਸਾਰ ਕਟੁੰਬਾਂ ਨੂੰ ਸੁਪਰ ਚੈਂਬਰ ਦਿਉ ਜਿਸ ਵਿੱਚ ਨਵੀਆਂ ਫਰੇਮਾਂ ਤੇ ਸ਼ਹਿਦ ਮੱਖੀਆਂ ਦੀ ਕਾਰਗੁਜ਼ਾਰੀ ਨੂੰ ਉਤਸਾਹਿਤ ਕਰਨ ਲਈ ਸ਼ਹਿਦ ਵਾਲੇ ਛੱਤੇ ਵੀ ਨਾਲ ਦਿਉ। ਸ਼ਹਿਦ ਮੱਖੀ ਫਾਰਮਾਂ ਦੇ ਸਾਰੇ ਕਟੁੰਬਾਂ ਨੂੰ ਪਰਾਗ ਅਤੇ ਸ਼ਹਿਦ, ਬਰੂਡ ਅਤੇ ਬਲਤਾ ਦੇ ਆਧਾਰ ਤੇ ਢੁਕਵੀਆਂ ਵਿਗਿਆਨਕ ਵਿਧੀਆਂ ਦੁਆਰਾ ਆਪਸ ਵਿੱਚ ਬਰਾਬਰ ਕਰੋ। ਬਰੂਡ ਨੂੰ ਬਾਹਰੀ ਪਰਜੀਵੀ ਚਿਚੜੀ (*ਟਰੋਪੀਲੀਲੈਪਸ ਕਲੇਰੀ*) ਦੇ ਹਮਲੇ ਤੋਂ ਬਚਾਉਣ ਲਈ ਛੱਤਿਆਂ ਦੇ ਉੱਪਰਲੇ ਡੰਡਿਆਂ ਉੱਪਰ ਸਲਫ਼ਰ ਦਾ ਧੂੜਾ ਇਕ ਗ੍ਰਾਮ ਪ੍ਰਤੀ ਛੱਤੇ ਦੇ ਹਿਸਾਬ ਨਾਲ ਧੂੜੋ। ਇਸ ਉਪਰਾਲੇ ਦੌਰਾਨ ਅੰਦਰਲਾ ਢੱਕਣ ਲਗਾਉਣਾ ਜ਼ਰੂਰ ਯਕੀਨੀ ਕਰੋ। ਢੁਕਵੇਂ ਬਦਲਾਅ ਦੇ ਤੌਰ ਤੇ ਫਾਰਮਿਕ ਐਸਿਡ (85%) 5 ਮਿਲੀਲਿਟਰ ਹਰ ਰੋਜ਼ ਦੇ ਹਿਸਾਬ ਨਾਲ ਲਗਾਤਾਰ ਦੋ ਹਫ਼ਤੇ ਵਰਤੋ। ਫਾਰਮਿਕ ਐਸਿਡ ਵਰੋਆ ਚਿਚੜੀ ਦੀ ਰੋਕਥਾਮ ਲਈ ਵੀ ਫ਼ਾਇਦੇਮੰਦ ਹੈ ਪਰ ਇਸ ਨੂੰ ਨੈਕਟਰ ਦੀ ਆਮਦ ਸਮੇਂ ਨਾ ਵਰਤੋ। ਵਰੋਆ ਚਿੱਚੜੀ ਦਾ ਜ਼ਿਆਦਾ ਹਮਲਾ ਹੋਣ ਦੀ ਸੂਰਤ ਵਿੱਚ ਸੀਲ ਡਰੋਨ ਬਰੂਡ ਵਾਲੇ ਛੱਤਿਆਂ ਨੂੰ ਕੱਟ ਕੇ ਨਸ਼ਟ ਕਰਨਾ, ਚਿੱਚੜੀ ਨੂੰ ਡਰੋਨ ਬਰੂਡ ਵਾਲੇ ਛੱਤਿਆਂ ਵਿਚ ਫਸਾ ਕੇ ਇਨ੍ਹਾਂ ਨੂੰ ਨਸ਼ਟ ਕਰਨਾ, ਮਹੀਨ ਪੀਸੀ ਖੰਡ ਮੱਖੀਆਂ ਉੱਪਰ ਦੇਰ ਸ਼ਾਮ ਨੂੰ ਧੂੜਨਾ, ਬੌਟਮ ਬੋਰਡ ਉੱਤੇ ਚਿਪਕਣ ਵਾਲਾ ਕਾਗਜ਼ (ਸਟਿੱਕਰ) ਰੱਖਣਾ, ਜਾਲੀਦਾਰ ਬੌਟਮ ਬੋਰਡ ਵਰਤਣਾ, ਆਦਿ ਗੈਰ ਰਸਾਇਣਕ ਤਰੀਕੇ ਇਸ ਚਿੱਚੜੀ ਦੀ ਰੋਕਥਾਮ ਵਾਸਤੇ ਸਹਾਈ ਹੁੰਦੇ ਹਨ। ਔਗਜੈਲਿਕ ਤੇਜਾਬ (60 ਪ੍ਰਤੀਸ਼ਤ ਖੰਡ ਅਤੇ ਪਾਣੀ ਦੇ ਘੋਲ ਵਿੱਚ 4.2 ਪ੍ਰਤੀਸ਼ਤ ਔਗਜੈਲਿਕ ਤੇਜਾਬ ਦਾ ਘੋਲ) ਦਾ 5 ਮਿ.ਲਿ. ਪ੍ਰਤੀ ਛੱਤੇ ਦੇ ਹਿਸਾਬ ਨਾਲ ਛੱਤਿਆਂ ਉੱਪਰ ਛਿੜਕਾਅ ਜਾਂ ਇਹੀ ਮਾਤਰਾ ਦੋ ਛੱਤਿਆਂ ਵਿਚਕਾਰ ਸਰਿੰਜ ਨਾਲ ਦੇਰ ਸ਼ਾਮ ਨੂੰ ਹਫਤੇ-ਹਫਤੇ ਦੇ ਵਕਫੇ ਤੇ ਤਿੰਨ ਵਾਰ ਪਾਉਣਾ ਇਸ ਚਿੱਚੜੀ ਤੋਂ ਰੋਕਥਾਮ ਲਈ ਸਹਾਈ ਹੁੰਦਾ ਹੈ। ਬਰੂਡ ਬੀਮਾਰੀਆਂ ਬਾਰੇ ਸੁਚੇਤ ਰਹੋ ਅਤੇ ਇਨ੍ਹਾਂ ਦੇ ਹੋਣ ਦੇ ਸ਼ੱਕ ਦੀ ਸੂਰਤ ਵਿੱਚ ਮਾਹਿਰਾਂ ਦੀ ਸਲਾਹ ਲਉ ਅਤੇ ਸੁਝਾਏ ਉਪਰਾਲੇ ਕਰੋ। ਗੈਰ-ਰਸਾਇਣਕ ਤਰੀਕਿਆਂ ਨੂੰ ਤਰਜੀਹ ਦਿਉ। ਐਂਟੀਬਾਇਟਿਕਾਂ ਦੀ ਵਰਤੋਂ ਤੋਂ ਪ੍ਰਹੇਜ਼ ਕਰੋ। ਫ਼ਰਵਰੀ ਅੰਤ ਵਿੱਚ, ਪੁਰਾਣੀਆਂ ਰਾਣੀਆਂ ਤਬਦੀਲ ਕਰਨ ਲਈ ਜਾਂ ਕਟੁੰਬਾਂ ਦੀ ਵੰਡ ਲਈ (ਗਿਣਤੀ ਵਧਾਉਣ ਲਈ) ਜਾਂ ਕਟੁੰਬਾਂ ਨੂੰ ਵੇਚਣ ਲਈ ਲੋੜੀਂਦੀਆਂ ਜ਼ਿਆਦਾ ਰਾਣੀ ਮੱਖੀਆਂ ਤਿਆਰ ਕਰਨ ਵਾਸਤੇ ਤਿਆਰੀ ਸ਼ੁਰੂ ਕੀਤੀ ਜਾ ਸਕਦੀ ਹੈ। ਰਾਣੀ ਮੱਖੀਆਂ ਤਿਆਰ ਕਰਨ ਲਈ ਤਰਜ਼ੀਹ ਦੇ ਤੋਰ ਤੇ ਵਧੇਰੇ ਸਮਕਾਲੀ ਰਾਣੀ ਮਖੀੱਆਂ ਤਿਆਰ ਕਰਨ ਦੀ ਡੂਲਿਟਲ ਤਕਨੀਕ ਅਪਣਾਓ ਅਤੇ ਗ੍ਰਾਫਿਟਿੰਗ ਲਈ ਕਾਮਾਂ ਸੁੰਡੀਆਂ ਚੌਣਵੇਂ ਮਿਆਰੀ ਬਰੀਡਰ ਕਟੁੰਬਾਂ ਤੋਂ ਹੀ ਲਵੋ। ਬਦਲ ਦੇ ਤੌਰ ਤੇ, ਇਸ ਮੰਤਵ ਲਈ, ਕੱਪ-ਕਿੱਟ ਸਿਸਟਮ ਵਰਤ ਸਕਦੇ ਹੋ ਜਿਸ ਵਿੱਚ ਹੱਥੀਂ ਸੂੰਡੀ ਗ੍ਰਾਫਟ ਕਰਨ ਦੀ ਲੋੜ ਨਹੀਂ ਹੁੰਦੀ। ਕਟੁੰਬਾਂ ਦੇ ਸਵਾਰਮ ਤੋਂ ਰੋਕਥਾਮ ਲਈ ਯੋਗ ਉਪਰਾਲੇ ਕਰੋ। ਜਿਨ੍ਹਾਂ ਪ੍ਰਵਾਸੀ ਸ਼ਹਿਦ-ਮੱਖੀ ਪਾਲਕਾਂ ਨੇ ਆਪਣੇ ਮੱਖੀ ਫਾਰਮ ਸਰ੍ਹੋਂ/ਰਾਇਆ ਤੇ ਲਾਏ ਹੋਣ, ਉਹ ਪੱਕਿਆ ਸ਼ਹਿਦ ਕੱਢ ਸਕਦੇ ਹਨ। ਇਸ ਤੋਂ ਬਾਅਦ ਸ਼ਹਿਦ ਮੱਖੀ ਕਟੁੰਬਾਂ ਦੀ ਸਫ਼ੈਦੇ ਤੋਂ ਸ਼ਹਿਦ ਲੈਣ ਲਈ ਹਿਜ਼ਰਤ ਦੀ ਤਿਆਰੀ ਕਰੋ।

## ਪਸ਼ੂ ਪਾਲਣ

1. ਰਾਤ ਨੂੰ ਪਸ਼ੂਆਂ ਨੂੰ ਅੰਦਰ ਰੱਖੋ ਅਤੇ ਦਿਨੇ ਧੁੱਪ ਵਿੱਚ ਬੰਨੋ। ਜੇ ਲੋੜ ਪਵੇ ਤਾਂ ਸ਼ੈੱਡ ਦੇ ਪਾਸਿਆਂ ਉਤੇ ਪੱਲੀ ਵੀ ਲਾਈ ਜਾ ਸਕਦੀ ਹੈ। ਜ਼ਿਆਦਾ ਠੰਡ ਵਿੱਚ ਪਸ਼ੂਆਂ ਉਪਰ ਝੁੱਲ ਵੀ ਪਾਏ ਜਾ ਸਕਦੇ ਹਨ।
2. ਪਸ਼ੂਆਂ ਦਾ ਦੁੱਧ ਚੋਣ ਤੋਂ ਬਾਅਦ ਥਣਾਂ ਉਪਰ ਦੁੱਧ ਨਾ ਲਗਾਉ। ਫਟੇ ਹੋਏ ਜਾਂ ਜ਼ਖਮੀ ਥਣਾਂ ਨੂੰ ਗਲਿਸਰੀਨ ਅਤੇ ਪੋਵੀਡੀਨ/ਬੀਟਾਡੀਨ (1:3) ਦੇ ਘੋਲ ਵਿੱਚ ਜਾਂ ਫਿਲਮਾਡੀਨ ਦਾ ਡੋਬਾ ਦੇ ਕੇ ਠੀਕ ਕੀਤਾ ਜਾ ਸਕਦਾ ਹੈ।
3. ਨਵਜੰਮੇ ਕੱਟੜੂ/ਵੱਛੜੂ ਠੰਡ ਵਿੱਚ ਨਮੂਨੀਏ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਜ਼ਿਆਦਾ ਮੌਤਾਂ ਇਸ ਕਾਰਨ ਹੀ ਹੁੰਦੀਆਂ ਹਨ।ਉਹਨਾ ਹੇਠਾਂ ਸੁੱਕ ਵਿਛਾ ਕੇ ਨਿਘੇ ਰੱਖੋ।
4. ਕੱਟੜੂ/ਵਛੜੂਆਂ ਨੂੰ 6 ਮਹੀਨੇ ਦੀ ਉਮਰ ਤੱਕ ਹਰ ਮਹੀਨੇ ਦਵਾਈ ਬਦਲ-ਬਦਲ ਕੇ ਮਲੱਪ-ਰਹਿਤ ਕਰਦੇ ਰਹੋ ਅਤੇ ਉਹਨਾ ਨੂੰ ਸਾਫ਼ ਸੁਥਰੀ ਸੁੱਕੀ ਜਗ੍ਹਾ ਉਤੇ ਬੰਨੋ। ਬੱਚਿਆਂ ਨੂੰ ਇਕੱਲੇ ਦੁੱਧ ਦੀ ਬਜਾਏ ਘੱਟੋ-ਘੱਟ 2 ਮਹੀਨੇ ਕਾਫ ਸਟਾਰਟਰ ਫੀਡ ਨਾਲ ਪਾਲੋ। ਉਸ ਤੋਂ ਬਾਅਦ ਫੀਡ ਨਾਲ ਥੋੜੇ-ਥੋੜੇ ਹਰੇ ਪੱਠੇ ਪਾਏ ਜਾ ਸਕਦੇ ਹਨ।
5. ਪਸ਼ੂਆਂ ਨੂੰ ਆਸ ਕਰਵਾਉਣ ਤੋਂ ਤਿੰਨ ਮਹੀਨੇ ਬਾਅਦ ਗਰਭ ਵਾਸਤੇ ਚੈੱਕ ਕਰਵਾਉ।
6. ਡੇਅਰੀ ਪਸ਼ੂਆਂ ਨੂੰ ਹਰੇ, ਪੁੰਗਰੇ ਹੋਏ, ਮਿੱਟੀ ਲੱਗੇ ਜਾਂ ਗਲੇ-ਸੜੇ ਆਲੂ ਨਾ ਪਾਉ। ਇਹ ਪਸ਼ੂਆਂ ਲਈ ਘਾਤਕ ਸਿੱਧ ਹੋ ਸਕਦੇ ਹਨ ।
7. ਫਲੀਦਾਰ ਚਾਰਿਆਂ ਵਿੱਚ ਪ੍ਰੋਟੀਨ ਜ਼ਿਆਦਾ ਹੋਣ ਕਾਰਨ ਖੁਰਾਕ ਵਿੱਚ 40% ਤੱਕ ਅਨਾਜ ਦੀ ਵਰਤੋਂ ਕਰੋ ਅਤੇ ਖਲਾਂ ਦੀ ਮਾਤਰਾ ਘਟਾਈ ਜਾ ਸਕਦੀ ਹੈ।
8. ਫਾਲਤੂ ਫਲੀਦਾਰ ਚਾਰਿਆਂ ਨੂੰ ਸੁਕਾਅ ਕੇ ਹੇਅ ਬਣਾਓ ਜੋ ਕੱਟੜੂ/ਵਛੜੂਆਂ ਨੂੰ ਪਾਲਣ ਵਿੱਚ ਬਹੁੱਤ ਸਹਾਈ ਹੁੰਦੀ ਹੈ। ਪ੍ਰੋਟੀਨ ਦੀ ਮਾਤਰਾ ਵੱਧ ਹੋਣ ਹੇਅ ਦੀ ਵਰਤੋਂ ਖਲਾਂ ਦੀ ਜਗ੍ਹਾ ਕਿਸੇ ਹਦ ਤੱਕ ਕੀਤੀ ਜਾ ਸਕਦੀ ਹੈ।
9. ਪਸ਼ੂਆਂ ਨੰਮ ਬਿਮਾਰੀਆਂ ਤੋਂ ਬਚਾਉਣ ਲਈ ਇਲਾਕੇ ਦੇ ਵੈਟਨਰੀ ਡਾਕਟਰ ਦੀ ਸਲਾਹ ਅਨੁਸਾਰ ਟੀਕਾਕਰਨ ਕਰਵਾਓ।
10. ਬੰਨ੍ਹੇ ਹੋਏ ਪਸ਼ੂਆਂ ਵਿੱਚ ਖੁਰਾਂ ਨੂੰ ਖਰਾਬ ਹੋਣ ਤੋਂ ਬਚਾਉਣ ਲਈ ਮੈਟ ਦੀ ਵਰਤੋਂ ਕਰੋ।

## ਮੁਰਗੀ ਪਾਲਣ

1. ਮੀਟ ਵਾਲੇ ਚੂਚੇ ਪਾਲਣ ਲਈ ਇਹ ਸਮਾਂ ਬਹੁਤ ਢੁਕਵਾਂ ਹੈ। ਆਂਡਿਆਂ ਵਾਲੇ ਚੂਚੇ ਪਾਉਣ ਲਈ ਪਹਿਲਾਂ ਹੀ ਵਿਉਂਤ ਬਣਾ ਲੈਣੀ ਚਾਹੀਦੀ ਹੈ ਅਤੇ ਚੂਚੇ ਕਿਸੇ ਭਰੋਸੇਯੋਗ ਹੈਚਰੀ ਤੋਂ ਲੈਣੇ ਚਾਹੀਦੇ ਹਨ।
2. ਚੂਚੇ ਖਰੀਦਣ ਸਮੇਂ ਉਨ੍ਹਾਂ ਨੂੰ ਮੈਰਕਸ ਬਿਮਾਰੀ ਦੇ ਟੀਕੇ ਲੱਗਣੇ ਚਾਹੀਦੇ ਹਨ ਅਤੇ ਚੂਚੇ ਪਾਉਣ ਤੋਂ ਪਹਿਲਾਂ ਸ਼ੈੱਡ ਨੂੰ ਕੀਟਾਣੂ ਰਹਿਤ ਕਰ ਲੈਣਾ ਚਾਹੀਦਾ ਹੈ। ਚੂਚੇ ਪਹੁੰਚਣ ਉਪਰੰਤ ਪਹਿਲੇ 3 ਦਿਨ 5% ਗੁੜ ਜਾਂ ਖੰਡ ਦਾ ਕੋਸਾ ਗਰਮ ਘੋਲ ਦਿਓ।
3. ਸਰਦੀਆਂ ਵਿੱਚ ਫੱਕ ਦੀ ਤਹਿ ਮੋਟੀ ਕਰ ਦਿਓ ਜੋ ਇੱਕ ਫੁੱਟ ਤੱਕ ਵਧਾਈ ਜਾ ਸਕਦੀ ਹੈ।
4. ਚੂਚਿਆਂ ਨੂੰ ਸ਼ੁਰੂ ਤੋਂ ਹੀ ਲੋੜੀਂਦਾ ਤਾਪਮਾਨ ਦੇਵੋਂ। ਪਹਿਲੇ ਹਫ਼ਤੇ ਇਹ ਤਾਪਮਾਨ 95 ਡਿਗਰੀ ਫਾਰਨਹੀਟ ਹੋਣਾ ਚਾਹੀਦਾ ਹੈ ਅਤੇ ਹਰ ਹਫ਼ਤੇ 5 ਡਿਗਰੀ ਘਟਾਉਂਦੇ ਜਾਣਾ ਚਾਹੀਦਾ ਹੈ ਜਦੋਂ ਤੱਕ ਇਹ 70 ਡਿਗਰੀ ਨਹੀਂ ਹੋ ਜਾਂਦਾ। ਚੂਚੇ ਆਉਣ ਤੋਂ 24 ਘੰਟੇ ਪਹਿਲਾ ਬਰੂਡਰ ਚਾਲੂ ਕਰ ਦੇਣਾ ਚਾਹੀਦਾ ਹੈ।
5. ਚੂਚੇ ਆਉਣ ਤੋਂ ਪਹਿਲਾ ਵਿਛਾਈ ਹੋਈ ਸੁੱਕ ਉੱਪਰ ਅਖਬਾਰਾਂ ਵਿਛਾਓ ਅਤੇ ਉਹਨਾ ਉੱਪਰ ਮੱਕੀ ਦਾ ਦਲੀਆ ਪਾਓ ਕਿਉਂਕਿ ਇੱਕ ਦਿਨ ਉਮਰ ਦੇ ਚੂਚੇ ਫੀਡਰਾਂ ਵਿੱਚੋਂ ਫੀਡ ਨਹੀ ਲੱਭ ਸਕਦੇ।
6. ਪੰਛੀਆਂ ਨੂੰ ਲੋੜ ਮੁਤਾਬਕ ਸੰਤੁਲਿਤ ਖੁਰਾਕ ਦੇਣੀ ਚਾਹੀਦੀ ਹੈ।
7. ਚੂਚਿਆਂ ਨੂੰ ਸਮੇਂ ਸਿਰ ਮਲੱਪ ਰਹਿਤ ਕਰਨਾ ਚਾਹੀਦਾ ਹੈ।
8. ਸਮੇਂ ਸਮੇਂ ਸਿਰ ਬੀਮਾਰ ਅਤੇ ਘੱਟ ਪੈਦਾਵਾਰ ਵਾਲੀਆਂ ਮੁਰਗੀਆਂ ਦੀ ਛਾਂਟੀ ਕਰ ਦੇਣੀ ਚਾਹੀਦੀ ਹੈ।
9. ਪੋਲਟਰੀ ਫਾਰਮ ਅੰਦਰ ਫਜ਼ੂਲ ਦੀ ਆਵਾਜਾਈ ਬੰਦ ਰੱਖੋ। ਫਾਰਮ ਅੰਦਰ ਜਾਣ ਵੇਲੇ ਸ਼ੂ ਕਵਰ ਪਾਓ।
10. ਪੰਛੀਆਂ ਨੂੰ ਬਾਰ-ਬਾਰ ਨਾ ਛੇੜੋ ਕਿਉਂਕਿ ਇਸ ਨਾਲ ਵਾਧਾ ਅਤੇ ਉਤਪਾਦਨ ਘੱਟ ਜਾਂਦਾ ਹੈ।

## ਖੁੰਬਾਂ ਦੀ ਕਾਸ਼ਤ

1. ਬਟਨ ਖੁੰਬ ਦੀ ਫ਼ਸਲ ਦੀ ਤੁੜਾਈ ਇਸ ਮਹੀਨੇ ਦੌਰਾਨ ਹੁੰਦੀ ਰਹਿੰਦੀ ਹੈ।
2. ਬਟਨ ਖੁੰਬਾਂ ਨੂੰ ਖੁੱਲਣ ਤੋਂ ਪਹਿਲਾਂ ਉਸਦੇ ਉੱਪਰਲੇ ਸਿਰੇ ਨੂੰ ਪੋਲਾ ਜਿਹਾ ਘੁਮਾ ਕੇ ਤੋੜ ਲਓ।
3. ਖੁੰਬਾਂ ਦੇ ਬੈਗਾਂ ਵਿੱਚ ਨਮੀ ਬਰਕਰਾਰ ਰੱਖਣ ਲਈ (65-70 ਪ੍ਰਤੀਸ਼ਤ) ਲੋੜ ਅਨੁਸਾਰ ਦਿਨ ਵਿੱਚ ਇੱਕ ਜਾਂ ਦੋ ਵਾਰ ਪਾਣੀ ਦਾ ਛਿੜਕਾਅ ਕਰੋ।ਖੁੰਬ ਘਰ ਨੂੰ ਹਵਾਦਾਰ ਰੱਖਣ ਲਈ ਦਿਨ ਵਿਚ 4-6 ਘੰਟੇ ਲਈ ਖੁੱਲਾ ਰਖੋ।
4. ਢੀਂਗਰੀ ਖੁੰਬ ਦੇ ਕਿਨਾਰੇ ਜਦੋਂ ਅੰਦਰ ਨੂੰ ਮੁੜ੍ਹਨੇ ਸ਼ੁਰੂ ਹੋ ਜਾਂਦੇ ਹਨ ਤਾਂ ਉਸ ਸਮੇਂ ਉਸ ਦੀ ਤੁੜਾਈ ਵੀ ਕਰਦੇ ਰਹੋ।

**ਸੰਯੋਜਕ: ਅਮਰਜੀਤ ਸਿੰਘ**

**ਸੰਗ੍ਰਹਿ ਕਰਤਾ:** ਪ੍ਰਦੀਪ ਕੁਮਾਰ ਛੁਨੇਜਾ, ਕਮਲਜੀਤ ਸਿੰਘ ਸੂਰੀ, ਅਮਿਤ ਕੌਲ, ਅਰਸ਼ ਆਲਮ ਸਿੰਘ ਗਿੱਲ, ਜਸਵਿੰਦਰ ਸਿੰਘ ਬਰਾੜ, ਨਵਨੀਤ ਕੌਰ,ਸਿਮਰਤ ਸਿੰਘ, ਰੂਮਾ ਦੇਵੀ, ਤੇਜਵੀਰ ਸਿੰਘ ਅਤੇ ਸ਼ਿਵਾਨੀ ਸ਼ਰਮਾ।